ਮਲਾਰ ਮਹਲਾ ੪ ॥ ਜਿਨ੍ ਕੈ ਹੀਅਰੈ ਬਸਿਓ ਮੇਰਾ ਸਤਿਗੁਰੁ ਤੇ ਸੰਤ ਭਲੇ ਭਲ ਭਾਂਤਿ ॥ ਤਿਨ੍ ਦੇਖੇ ਮੇਰਾ ਮਨੁ ਬਿਗਸੈ ਹਉ ਤਿਨ ਕੈ ਸਦ ਬਲਿ ਜਾਂਤ ॥੧॥ ਗਿਆਨੀ ਹਰਿ ਬੋਲਹੁ ਦਿਨੁ ਰਾਤਿ ॥ ਤਿਨ੍ ਕੀ ਤ੍ਰਿਸਨਾ ਭੂਖ ਸਭ ਉਤਰੀ ਜੋ ਗੁਰਮਤਿ ਰਾਮ ਰਸੁ ਖਾਂਤਿ ॥੧॥ ਰਹਾਉ ॥ ਹਰਿ ਕੇ ਦਾਸ ਸਾਧ ਸਖਾ ਜਨ ਜਿਨ ਮਿਲਿਆ ਲਹਿ ਜਾਇ ਭਰਾਂਤਿ ॥ ਜਿਉ ਜਲ ਦੁਧ ਭਿੰਨ ਭਿੰਨ ਕਾਢੈ ਚੁਣਿ ਹੰਸੁਲਾ ਤਿਉ ਦੇਹੀ ਤੇ ਚੁਣਿ ਕਾਢੈ ਸਾਧੂ ਹਉਮੈ ਤਾਤਿ ॥੨॥ ਜਿਨ ਕੈ ਪ੍ਰੀਤਿ ਨਾਹੀ ਹਰਿ ਹਿਰਦੈ ਤੇ ਕਪਟੀ ਨਰ ਨਿਤ ਕਪਟੁ ਕਮਾਂਤਿ ॥ ਤਿਨ ਕਉ ਕਿਆ ਕੋਈ ਦੇਇ ਖਵਾਲੈ ਓਇ ਆਪਿ ਬੀਜਿ ਆਪੇ ਹੀ ਖਾਂਤਿ ॥੩॥ ਹਰਿ ਕਾ ਚਿਹਨੁ ਸੋਈ ਹਰਿ ਜਨ ਕਾ ਹਰਿ ਆਪੇ ਜਨ ਮਹਿ ਆਪੁ ਰਖਾਂਤਿ ॥ ਧਨੁ ਧੰਨੁ ਗੁਰੂ ਨਾਨਕੁ ਸਮਦਰਸੀ ਜਿਨਿ ਨਿੰਦਾ ਉਸਤਤਿ ਤਰੀ ਤਰਾਂਤਿ ॥੪॥੫॥ {ਪੰਨਾ 1264}

ਪਦ ਅਰਥ:- ਕੈ ਹੀਅਰੈ—ਦੇ ਹਿਰਦੇ ਵਿਚ। ਤੇ—ਉਹ (ਬਹੁ-ਵਚਨ)। ਭਲ ਭਾਂਤਿ—ਚੰਗੀ ਤਰ੍ਹਾਂ, ਪੂਰਨ ਤੌਰ ਤੇ। ਬਿਗਸੈ—ਖਿੜ ਪੈਂਦਾ ਹੈ। ਹਉ—ਮੈਂ, ਹਉਂ। ਸਦ—ਸਦਾ। ਤਿਨ ਕੈ ਬਲਿ—ਉਹਨਾਂ ਤੋਂ ਸਦਕੇ।1।

ਗਿਆਨੀ—ਹੇ ਗਿਆਨੀ! ਸਭ—ਸਾਰੀ। ਖਾਂਤਿ—(KwdiNq) ਖਾਂਦੇ ਹਨ।1। ਰਹਾਉ।

ਸਖਾ—ਮਿੱਤਰ। ਭਰਾਂਤਿ—ਭਟਕਣਾ। ਭਿੰਨ—ਵੱਖਰਾ। ਚੁਣਿ—ਚੁਣ ਕੇ। ਹੰਸੁਲਾ—ਹੰਸ। ਦੇਹੀ ਤੇ—ਸਰੀਰ ਤੋਂ, ਸਰੀਰ ਵਿਚੋਂ। ਤਾਤਿ—ਈਰਖਾ।2।

ਜਿਨ ਕੈ ਹਿਰਦੈ—ਜਿਨ੍ਹਾਂ ਦੇ ਹਿਰਦੇ ਵਿਚ। ਕਪਟੀ—ਪਖੰਡੀ। ਦੇਇ—ਦੇਵੇ। ਓਇ—ਉਹ ਬੰਦੇ (ਲਫ਼ਜ਼ 'ਓਹ' ਤੋਂ ਬਹੁ-ਵਚਨ)। ਬੀਜਿ—ਬੀਜ ਕੇ।3।

ਚਿਹਨੁ—ਲੱਛਣ। ਆਪੇ—ਆਪ ਹੀ। ਆਪੁ—ਆਪਣਾ ਆਪ। ਧਨੁ ਧੰਨੁ—ਸਲਾਹੁਣ-ਜੋਗ। ਸਮ ਦਰਸੀ—ਸਭ ਜੀਵਾਂ ਵਿਚ ਇਕੋ ਜੋਤਿ ਵੇਖਣ ਵਾਲਾ। ਸਮ—ਬਰਾਬਰ, ਇਕੋ ਜਿਹਾ। ਜਿਨਿ—ਜਿਸ (ਗੁਰੂ) ਨੇ। ਤਰਾਂਤਿ—ਪਾਰ ਲੰਘਾਂਦਾ ਹੈ।4।

ਅਰਥ:- ਹੇ ਗਿਆਨਵਾਨ ਮਨੁੱਖ! ਦਿਨ ਰਾਤ (ਹਰ ਵੇਲੇ) ਪਰਮਾਤਮਾ ਦਾ ਨਾਮ ਜਪਿਆ ਕਰ। ਜਿਹੜੇ ਮਨੁੱਖ ਗੁਰੂ ਦੀ ਮਤਿ ਲੈ ਕੇ ਪਰਮਾਤਮਾ ਦਾ ਨਾਮ-ਰਸ ਖਾਂਦੇ ਹਨ, ਉਹਨਾਂ ਦੀ (ਮਾਇਆ ਵਾਲੀ) ਸਾਰੀ ਤ੍ਰਿਸ਼ਨਾ ਸਾਰੀ ਭੁੱਖ (ਸਾਰੀ ਭੁੱਖ ਤ੍ਰਿਹ) ਦੂਰ ਹੋ ਜਾਂਦੀ ਹੈ।1। ਰਹਾਉ।

ਹੇ ਭਾਈ! ਜਿਨ੍ਹਾਂ ਦੇ ਹਿਰਦੇ ਵਿਚ ਪਿਆਰਾ ਗੁਰੂ ਵੱਸਿਆ ਰਹਿੰਦਾ ਹੈ, ਉਹ ਮਨੁੱਖ ਪੂਰਨ ਤੌਰ ਤੇ ਭਲੇ ਸੰਤ ਬਣ ਜਾਂਦੇ ਹਨ। ਹੇ ਭਾਈ! ਉਹਨਾਂ ਦਾ ਦਰਸਨ ਕਰ ਕੇ ਮੇਰਾ ਮਨ ਖਿੜ ਪੈਂਦਾ ਹੈ, ਮੈਂ ਤਾਂ ਉਹਨਾਂ ਤੋਂ ਸਦਾ ਸਦਕੇ ਜਾਂਦਾ ਹਾਂ।1।

ਹੇ ਭਾਈ! ਪਰਮਾਤਮਾ ਦੇ ਭਗਤ-ਜਨ (ਐਸੇ) ਸਾਧ-ਮਿੱਤਰ (ਹਨ), ਜਿਨ੍ਹਾਂ ਦੇ ਮਿਲਿਆਂ (ਮਨ ਦੀ) ਭਟਕਣਾ ਦੂਰ ਹੋ ਜਾਂਦੀ ਹੈ। ਹੇ ਭਾਈ! ਜਿਵੇਂ ਹੰਸ ਪਾਣੀ ਤੇ ਦੁੱਧ ਨੂੰ (ਆਪਣੀ ਚੁੰਝ ਨਾਲ) ਚੁਣ ਕੇ ਵੱਖ-ਵੱਖ ਕਰ ਦੇਂਦਾ ਹੈ, ਤਿਵੇਂ ਸਾਧੂ-ਮਨੁੱਖ ਸਰੀਰ ਵਿਚੋਂ ਹਉਮੈ ਈਰਖਾ ਨੂੰ ਚੁਣ ਕੇ ਬਾਹਰ ਕੱਢ ਦੇਂਦਾ ਹੈ।2।

ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਪਿਆਰ ਨਹੀਂ (ਵੱਸਦਾ), ਉਹ ਮਨੁੱਖ ਪਖੰਡੀ ਬਣ ਜਾਂਦੇ ਹਨ, ਉਹ (ਮਾਇਆ ਆਦਿਕ ਦੀ ਖ਼ਾਤਰ) ਸਦਾ (ਦੂਜਿਆਂ ਨਾਲ) ਠੱਗੀ ਕਰਦੇ ਹਨ। ਉਹਨਾਂ ਨੂੰ ਹੋਰ ਕੋਈ ਮਨੁੱਖ (ਆਤਮਕ ਜੀਵਨ ਦੀ ਖ਼ੁਰਾਕ) ਨਾਹ ਦੇ ਸਕਦਾ ਹੈ ਨਾਹ ਖਵਾ ਸਕਦਾ ਹੈ, ਉਹ ਬੰਦੇ (ਠੱਗੀ ਦਾ ਬੀ) ਆਪ ਬੀਜ ਕੇ ਆਪ ਹੀ (ਉਸ ਦਾ ਫਲ ਸਦਾ) ਖਾਂਦੇ ਹਨ।

ਹੇ ਭਾਈ! (ਉੱਚੇ ਆਤਮਕ ਜੀਵਨ ਦਾ ਜਿਹੜਾ) ਲੱਛਣ ਪਰਮਾਤਮਾ ਦਾ ਹੁੰਦਾ ਹੈ (ਸਿਮਰਨ ਦੀ ਬਰਕਤਿ ਨਾਲ)

ਉਹੀ ਲੱਛਣ ਪਰਮਾਤਮਾ ਦੇ ਭਗਤ ਦਾ ਹੋ ਜਾਂਦਾ ਹੈ। ਪ੍ਰਭੂ ਆਪ ਹੀ ਆਪਣੇ ਆਪ ਨੂੰ ਆਪਣੇ ਸੇਵਕ ਵਿਚ ਟਿਕਾਈ ਰੱਖਦਾ ਹੈ। ਹੇ ਭਾਈ! ਸਭ ਜੀਵਾਂ ਵਿਚ ਇਕੋ ਹਰੀ ਦੀ ਜੋਤਿ ਵੇਖਣ ਵਾਲਾ ਗੁਰੂ ਨਾਨਕ (ਹਰ ਵੇਲੇ) ਸਲਾਹੁਣ-ਜੋਗ ਹੈ, ਜਿਸ ਨੇ ਆਪ ਨਿੰਦਾ ਤੇ ਖ਼ੁਸ਼ਾਮਦ (ਦੀ ਨਦੀ) ਪਾਰ ਕਰ ਲਈ ਹੈ ਅਤੇ ਹੋਰਨਾਂ ਨੂੰ ਇਸ ਵਿਚੋਂ ਪਾਰ ਲੰਘਾ ਦੇਂਦਾ ਹੈ।4।5।